# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।
# ਪ੍ਰੈਸ ਨੋਟ

## ਨਿਊ ਸਿਵਲ ਲਾਈਨ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਵਿਚ ਇੰਨਟਰਲਾਕਿੰਗ ਟਾਇਲਾਂ ਲਗਾਉਣ ਦੇ ਕੰਮ ਦੀ ਮੇਅਰ ਸ਼ਿਵ ਸੂਦ ਨੇ ਕੀਤੀ ਸ਼ੁਰੂਆਤ

ਹੁਸ਼ਿਆਰਪੁਰ 2 ਜੂਨ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਵਾਰਡ ਨੰ: 11 ਦੇ ਮੁਹੱਲਾ ਨਿਊ ਸਿਵਲ ਲਾਈਨ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਦੀਆਂ ਬਣਨ ਵਾਲੀਆਂ ਗਲੀਆਂ ਦੇ ਕੰਮ ਦੀ ਸ਼ੁਰੂਆਤ ਕੌਂਸਲਰ ਰਣਜੀਤ ਚੌਧਰੀ ਦੀ ਹਾਜ਼ਰੀ ਵਿਚ ਰੀਬਨ ਕੱਟ ਕੇ ਕਰਨ ਉਪਰੰਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਨਿਗਮ ਦੇ ਵੱਖ-ਵੱਖ ਵਾਰਡਾਂ ਵਿਚ ਇੰਨਟਰਲਾਕਿੰਗ ਟਾਈਲਾਂ ਨਾਲ ਗਲੀਆਂ ਦੇ ਨਿਰਮਾਣ ਤੇ 11 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਮੁੱਖ ਸੜਕਾਂ ਤੇ ਪ੍ਰੀ-ਮਿਕਸ ਪਾਉਣ ਦਾ ਕੰਮ ਵੀ ਜੰਗੀ ਪੱਧਰ ਤੇ ਕੀਤਾ ਜਾ ਰਿਹਾ ਹੈ, ਜਿਸ ਤੇ 8 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ ਅਤੇ ਕੀਤੇ ਜਾ ਰਹੇ ਵਿਕਾਸ ਕਾਰਜਾਂ ਵਿਚ ਉੱਚ-ਕੁਆਲਟੀ ਦਾ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ। ਇਸ ਨੂੰ ਯਕੀਨੀ ਬਣਾਉਣ ਲਈ ਅਚਨਚੇਤ ਚੈਕਿੰਗ ਵੀ ਕੀਤੀ ਜਾ ਰਹੀ ਹੈ। ਉਹਨਾ ਕਿਹਾ ਕਿ ਮੁਹੱਲਾ ਨਿਵਾਸੀ ਗਲੀ ਦੇ ਨਿਰਮਾਣ ਦਾ ਕੰਮ ਆਪਣੀ ਹਾਜ਼ਰੀ ਵਿਚ ਕਰਵਾਉਣ ਅਤੇ ਜੇ ਕੋਈ ਕਮੀ ਨਜਰ ਆਵੇ ਤਾ ਉਹਨਾਂ ਦੇ ਧਿਆਨ ਵਿਚ ਲਿਆਉਣ।

ਵਾਰਡ ਨੰ: 11 ਦੇ ਕੌਂਸਲਰ ਰਣਜੀਤ ਚੌਧਰੀ ਨੇ ਮੇਅਰ ਸ਼ਿਵ ਵੱਲੋਂ ਨਿਊ ਸਿਵਲ ਲਾਈਨ ਦੀਆਂ ਗਲੀਆਂ ਇੰਨਟਰਲਾਕਿੰਗ ਟਾਇਲਾਂ ਨਾਲ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰਨ ਲਈ ਉਹਨਾਂ ਦਾ ਧੰਨਵਾਦ ਕੀਤਾ। ਨਗਰ ਨਿਗਮ ਦੇ ਏ.ਐਮ.ਈ ਹਰਪ੍ਰੀਤ ਸਿੰਘ, ਕੁਲਦੀਪ ਕੁਮਾਰ, ਜੇ.ਈ ਅਕਸ਼ੇ ਬਾਂਸਲ, ਲਵਦੀਪ ਸਿੰਘ, ਮੰਡਲ ਪ੍ਰਧਾਨ ਵਿਨੋਦ ਪਰਮਾਰ, ਕੌਂਸਲਰ ਰਮੇਸ਼ ਠਾਕੁਰ, ਅਸ਼ੋਕ ਕੁਮਾਰ, ਨਿਪੁਨ ਸ਼ਰਮਾ, ਡਾ. ਨਰਿੰਦਰ ਚੌਧਰੀ, ਤਰਲੋਚਨ ਗਿੱਲ, ਆਰ.ਸੀ ਛਾਬੜਾ, ਪੀ.ਸੀ ਸ਼ਰਮਾ, ਦਵਿੰਦਰ ਸਿੰਘ, ਪ੍ਰਮੋਦ ਕੁਮਾਰ, ਬਲਦੇਵ ਚੰਦ, ਰਾਕੇਸ਼, ਨਿਰਮਲ ਭੋਗਲ, ਗੁਰਚਰਨ, ਸ਼ੀਲਾ ਦੇਵੀ, ਕਾਂਤਾ ਦੇਵੀ, ਸੁਰਜੀਤ ਕੌਰ, ਮੀਨਾ ਕੁਮਾਰੀ, ਸੰਧਿਆ ਦੇਵੀ, ਸੰਤੋਸ਼ ਕੁਮਾਰੀ, ਬੀਰੋ ਅਤੇ ਮੁਹੱਲਾ ਨਿਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।